**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਦੀਪਕ ਮੋਹਨ,
ਪੁੱਤਰ ਸ਼੍ਰੀ ਰਾਜਿੰਦਰ ਕੁਮਾਰ,
ਵਾਸੀ ਮਕਾਨ ਨ: 129,
ਵਾਈਟ ਇੰਨਕਲੇਵ ਬੈਕਸਾਈਡ ਗਰੀਨ ਫੀਲਡ ,
ਮਜੀਠਾ ਰੋਡ ਅੰਮ੍ਰਿਤਸਰ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਗੁਰੂ ਨਾਨਕ ਦੇਵ ਯੂਨੀਵਰਸਟੀ,
ਅੰਮ੍ਰਿਤਸਰ।

ਪਹਿਲੀ ਅਪੀਲੀ ਅਥਾਰਟੀ ਕਮ ਵਾਈਸ ਚਾਂਸਲਰ,
ਗੁਰੂ ਨਾਨਕ ਦੇਵ ਯੂਨੀਵਰਸਿਟੀ,
ਅੰਮ੍ਰਿਤਸਰ। ------ਉੱਤਰਦਾਤਾ

**ਅਪੀਲ ਕੇਸ ਨੰ:169 /2019**

**ਹਾਜ਼ਰ:-** 1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਮਨਜੀਤ ਸਿੰਘ, ਸਹਾਇਕ ਰਜਿਸਟਰਾਰ (94170-32936)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 24-09-2018 ਨੂੰ ਲੋਕ ਸੂਚਨਾ ਅਧਿਕਾਰੀ, ਦਫ਼ਤਰ ਗੁਰੂ ਨਾਨਕ ਦੇਵ ਯੂਨੀਵਰਸਟੀ, ਅੰਮ੍ਰਿਤਸਰ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਸਹਾਇਕ ਪ੍ਰੋਫੈਸਰ (ਲਾਅ) ਦੀਆਂ ਆਸਾਮੀਆਂ ਦੀ ਭਰਤੀ ਨਾਲ ਸਬੰਧਤ 07 ਨੁਕਤਿਆਂ ਬਾਰੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾ ਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 15-11-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 02-01-2019 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 24-01-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 25-02-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 02-04-2019 ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਮਨਜੀਤ ਸਿੰਘ, ਸਹਾਇਕ ਰਜਿਸਟਰਾਰ ਨੇ ਦੱਸਿਆ ਸੀ ਕਿ ਉਨ੍ਹਾਂ ਵੱਲੋਂ ਪਹਿਲਾਂ ਮਿਤੀ 18-03-2019 ਨੂੰ ਅਪੀਲਕਰਤਾ ਨੂੰ ਸੂਚਨਾ ਭੇਜੀ ਗਈ ਸੀ ਅਤੇ ਫਿਰ ਅਪੀਲਕਰਤਾ ਦੀ ਈ.ਮੇਲ ਰਾਹੀਂ ਪ੍ਰਾਪਤ ਹੋਏ ਪੱਤਰ, ਮਿਤੀ 01-04-2019 ਅਨੁਸਾਰ ਸੂਚਨਾ ਤਿਆਰ ਕਰਕੇ ਲੈ ਕੇ ਆਏ ਸੀ। ਹਾਜ਼ਰ ਉੱਤਰਦਾਤਾ ਨੂੰ ਹਦਾਇਤ ਕੀਤੀ ਗਈ ਸੀ

ਚਲਦਾ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:**169 /2019

ਕਿ ਉਹ ਸੂਚਨਾ ਅਪੀਲਕਰਤਾ ਨੂੰ ਰਜਿਸਟਰਡ ਡਾਕ ਰਾਹੀਂ ਭੇਜਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ। ਅਪੀਲਕਰਤਾ ਨੂੰ ਆਪਣਾ ਪੱਖ ਪੇਸ਼ ਕਰਨ ਦਾ ਆਖਰੀ ਮੌਕਾ ਦਿੱਤਾ ਗਿਆ ਸੀ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 01-05-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਮਨਜੀਤ ਸਿੰਘ, ਸਹਾਇਕ ਰਜਿਸਟਰਾਰ ਨੇ ਆਪਣੇ ਲਿਖਤੀ ਬਿਆਨ, ਮਿਤੀ 01-05-2019 ਰਾਹੀਂ ਕਮਿਸ਼ਨ ਨੂੰ ਦੱਸਿਆ ਹੈ ਕਿ ਉਨ੍ਹਾਂ ਵੱਲੋਂ ਅਪੀਲਕਰਤਾ ਨੂੰ ਰਜਿਸਟਰਡ ਪੱਤਰ (ਨੰ:ਆਰ.ਪੀ.798731712 ਆਈ.ਐਨ), ਮਿਤੀ 08-04-2019 ਨੂੰ ਸੂਚਨਾ ਭੇਜ਼ ਦਿੱਤੀ ਗਈ ਸੀ ਪਰੰਤੂ ਅਪੀਲਕਰਤਾ ਵੱਲੋਂ ਮਿਤੀ 30-04-2019 ਤੱਕ ਕੋਈ ਵੀ ਇਤਰਾਜ਼ ਪ੍ਰਾਪਤ ਨਹੀਂ ਹੋਇਆ। ਇਸ ਲਈ ਉਨ੍ਹਾਂ ਵੱਲੋਂ ਕੇਸ ਬੰਦ ਕਰਨ ਲਈ ਬੇਨਤੀ ਕੀਤੀ ਗਈ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਬਿਆਨ ਮਿਸਲ ਤੇ ਰੱਖ ਲਿਆ ਗਿਆ ਹੈ।

4. ਕਮਿਸ਼ਨ ਦੇ ਹੁਕਮ, ਮਿਤੀ 02-04-2019 ਰਾਹੀਂ ਅਪੀਲਕਰਤਾ ਨੂੰ ਆਪਣਾ ਪੱਖ ਪੇਸ਼ ਕਰਨ ਦਾ ਆਖਰੀ ਮੌਕਾ ਦਿੱਤਾ ਗਿਆ ਸੀ। ਪਰੰਤੂ ਅਪੀਲਕਰਤਾ ਅੱਜ ਫਿਰ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਜਿਸ ਤੋਂ ਜ਼ਾਹਿਰ ਹੈ ਕਿ ਅਪੀਲਕਰਤਾ ਉਸ ਨੂੰ ਪ੍ਰਾਪਤ ਹੋਈ ਸੂਚਨਾ ਤੋਂ ਸੰਤੁਸ਼ਟ ਹੈ ਅਤੇ ਉਹ ਇਸ ਕੇਸ ਦੀ ਹੋਰ ਪੈਰਵਾਈ ਵਿੱਚ ਕੋਈ ਦਿਲਚਸਪੀ ਨਹੀਂ ਰੱਖਦਾ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ, ਚੰਡੀਗੜ੍ਹ, 01 ਮਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਦਬਕੇਸ਼ ਕੁਮਾਰ (ਮੋਬ 76960-03777)
306, ਨਰਸਿੰਗ ਹੋਸਟਲ, ਫੇਸ-2,
ਸਰਕਾਰੀ ਮੈਡੀਕਲ ਕਾਲਿਜ ਤੇ ਹਸਪਤਾਲ
ਸੈਕਟਰ-32, ਚੰਡੀਗੜ੍ਹ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਮੈਡੀਕਲ ਸੁਪਰਡੰਟ,
ਗੁਰੂ ਨਾਨਕ ਦੇਵ ਹਸਪਤਾਲ ਕੰਪਲੈਕਸ,
ਮਜੀਠਾ ਰੋਡ, ਅੰਮ੍ਰਿਤਸਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਮੈਡੀਕਲ ਸੁਪਰਡੰਟ,
ਗੁਰੂ ਨਾਨਕ ਦੇਵ ਹਸਪਤਾਲ ਕੰਪਲੈਕਸ,
ਮਜੀਠਾ ਰੋਡ, ਅੰਮ੍ਰਿਤਸਰ। -------ਉੱਤਰਦਾਤਾ

**ਅਪੀਲ ਕੇਸ ਨੰ:735/2019**

**ਹਾਜ਼ਰ:-**

1) ਸ਼੍ਰੀ ਦਬਕੇਸ਼ ਕੁਮਾਰ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਡਾਕਟਰ ਐਸ.ਕੇ. ਸ਼ਰਮਾ, ਮੈਡੀਕਲ ਅਫਸਰ (94170-46713) ਅਤੇ ਸ਼੍ਰੀ ਅਲੋਕ ਗੁਪਤਾ, ਜੂਨੀਅਰ ਸਹਾਇਕ (98159-32322)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 15-10-2018, ਲੋਕ ਸੂਚਨਾ ਅਧਿਕਾਰੀ ਦਫ ਤਰ ਮੈਡੀਕਲ ਸੁਪਰਡੰਟ, ਗੁਰੂ ਨਾਨਕ ਦੇਵ ਹਸਪਤਾਲ ਕੰਪਲੈਕਸ, ਮਜੀਠਾ ਰੋਡ, ਅੰਮ੍ਰਿਤਸਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਹਸਪਤਾਲ, ਅੰਮ੍ਰਿਤਸਰ ਦੇ ਨਰਸਿੰਗ ਸਟਾਫ ਨੂੰ ਦਿੱਤੀਆਂ ਜਾਣ ਵਾਲੀਆਂ ਛੁੱਟੀਆਂ ਅਤੇ ਉਨ੍ਹਾਂ ਦੇ ਸੇਵਾ ਨਯਮਾਂ ਆਦਿ ਨਾਲ ਸਬੰਧਤ 20 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 14-12-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 29-01-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 15-03-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 15-04-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 15-04-2019 ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਡਾਕਟਰ ਐਸ.ਕੇ. ਸ਼ਰਮਾ, ਮੈਡੀਕਲ ਅਫਸਰ ਨੇ ਦੱਸਿਆ ਸੀ ਕਿ ਅਪੀਲਕਰਤਾ ਨੂੰ ਪਹਿਲਾਂ ਹੀ ਮਿਤੀ

ਚਲਦਾ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:735/2019**

03-04-2019 ਨੂੰ ਰਜਿਸਟਰਡ ਡਾਕ ਰਾਹੀਂ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਉਨ੍ਹਾਂ ਵੱਲੋਂ ਇਸ ਬਾਰੇਆਪਣੇ ਪੱਤਰ ਨੰ:4679/ਆਰ.ਟੀ.ਆਈ., ਮਿਤੀ 05-04-2019 ਰਾਹੀਂ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਗਿਆ ਸੀ। ਅਪੀਲਕਰਤਾ ਨੇ ਕਿਹਾ ਸੀ ਕਿ ਉਸ ਨੂੰ ਅਧੂਰੀ ਸੂਚਨਾ ਦਿੱਤੀ ਗਈ ਹੈ ਅਤੇ ਉਹ ਪ੍ਰਾਪਤ ਸੂਚਨਾ ਤੋਂ ਸੰਤੁਸ਼ਟ ਨਹੀਂ ਹੈ।ਇਸ ਲਈ ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਲੋਕ ਸੂਚਨਾ ਅਧਿਕਾਰੀ ਨੂੰ ਸਿੱਧੇ ਤੌਰ ਤੇ ਸੂਚਿਤ ਕੀਤਾ ਜਾਵੇ ਤਾਂ ਜੋ ਉਨ੍ਹਾਂ ਦੀ ਪੂਰਤੀ ਹੋ ਸਕੇ। ਇਸ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 01-05-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਡਾਕਟਰ ਐਸ.ਕੇ. ਸ਼ਰਮਾ, ਮੈਡੀਕਲ ਅਫਸਰ ਨੇ ਕਮਿਸ਼ਨ ਨੂੰ ਦੱਸਿਆ ਹੈ ਕਿ ਉਨ੍ਹਾਂ ਵੱਲੋਂ ਅਪੀਲਕਰਤਾ ਨੂੰ ਭੇਜ਼ੀ ਗਈ ਸੂਚਨਾ ਬਾਰੇ ਅਪੀਲਕਰਤਾ ਵੱਲੋਂ ਕੋਈ ਵੀ ਇਤਰਾਜ਼ ਪ੍ਰਾਪਤ ਨਹੀਂ ਹੋਇਆ। ਇਸ ਲਈ ਉਨ੍ਹਾਂ ਵੱਲੋਂ ਕੇਸ ਬੰਦ ਕਰਨ ਲਈ ਬੇਨਤੀ ਕੀਤੀ ਗਈ ਹੈ।

4. ਅਪੀਲਕਰਤਾ ਨੇ ਕਿਹਾ ਹੈ ਕਿ ਉਹ ਪ੍ਰਾਪਤ ਹੋਈ ਸੂਚਨਾ ਤੋਂ ਸੰਤਸ਼ਟ ਨਹੀਂ ਹੈ। ਉਸ ਵੱਲੋਂ ਇਹ ਵੀ ਕਿਹਾ ਗਿਆ ਹੈ ਕਿ ਓਸ ਵੱਲੋਂ ਸੂਚਨਾ ਵਿੱਚ ਪਾਈਆਂ ਗਈਆਂ ਤਰੁੱਟੀਆਂ ਬਾਰੇ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕੀਤਾ ਗਿਆ ਸੀ ਪਰੰਤੂ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ।

5. ਅਪੀਲਕਰਤਾ ਸੂਚਨਾ ਵਿੱਚ ਪਾਈਆਂ ਗਈਆਂ ਤਰੁੱਟੀਆਂ ਸਬੰਧੀ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕਰਨ ਬਾਰੇ ਕੋਈ ਪੱਤਰ/ਸਬੂਤ ਪੇਸ਼ ਨਹੀਂ ਕਰ ਸਕਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖ਼ਸ਼ ਪਾਇਆ ਗਿਆ ਹੈ।ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ, ਚੰਡੀਗੜ੍ਹ, 01 ਮਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਦਬਕੇਸ਼ ਕੁਮਾਰ (ਮੋਬ 76960-03777)
306, ਨਰਸਿੰਗ ਹੋਸਟਲ, ਫੇਸ-2,
ਸਰਕਾਰੀ ਮੈਡੀਕਲ ਕਾਲਿਜ ਤੇ ਹਸਪਤਾਲ
ਸੈਕਟਰ-32, ਚੰਡੀਗੜ੍ਹ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪ੍ਰਿੰਸੀਪਲ,
ਸਰਕਾਰੀ ਮੈਡੀਕਲ ਕਾਲਿਜ,
ਪਟਿਆਲਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਪ੍ਰਿੰਸੀਪਲ,
ਸਰਕਾਰੀ ਮੈਡੀਕਲ ਕਾਲਿਜ,
ਪਟਿਆਲਾ। ------ਉੱਤਰਦਾਤਾ

**ਅਪੀਲ ਕੇਸ ਨੰ:736/2019**

**ਹਾਜ਼ਰ:-**

1) ਸ਼੍ਰੀ ਦਬਕੇਸ਼ ਕੁਮਾਰ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀਮਤੀ ਅਮੀਤਾ ਸ਼ਰਮਾ, ਸੀਨੀਅਰ ਸਹਾਇਕ (98762-19747)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 15-10-2018, ਲੋਕ ਸੂਚਨਾ ਅਧਿਕਾਰੀ ਦਫਤਰ ਪ੍ਰਿੰਸੀਪਲ, ਸਰਕਾਰੀ ਮੈਡੀਕਲ ਕਾਲਿਜ, ਪਟਿਆਲਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਰਾਜਿੰਦਰਾ ਹਸਪਤਾਲ,ਪਟਿਆਲਾ ਦੇ ਨਰਸਿੰਗ ਸਟਾਫ ਨੂੰ ਦਿੱਤੀਆਂ ਜਾਣ ਵਾਲੀਆਂ ਛੁੱਟੀਆਂ ਅਤੇ ਉਨ੍ਹਾਂ ਦੇ ਸੇਵਾ ਨਿਯਮਾਂ ਆਦਿ ਨਾਲ ਸਬੰਧਤ 20 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 23-11-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 18-02-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 15-03-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 15-04-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀਮਤੀ ਅਮੀਤਾ ਸ਼ਰਮਾ, ਸੀਨੀਅਰ ਸਹਾਇਕ, ਨੇ ਪੱਤਰ ਨੰ:ਆਰ.ਟੀ.ਆਈ./2019/69, ਮਿਤੀ 25-04-2019 ਪੇਸ਼ ਕਰਦੇ ਹੋਏ ਕਿਹਾ ਹੈ ਕਿ ਉਨ੍ਹਾਂ ਵੱਲੋਂ ਪਹਿਲਾਂ ਹੀ ਪੱਤਰ ਨੰ:255 ਅਤੇ ਪੱਤਰ ਨੰ:16, ਮਿਤੀ

ਚਲਦਾ---ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:**736/2019

30-01-2019 ਰਾਹੀਂ ਰਜਿਸਟਰਡ ਡਾਕ ਦੁਆਰਾ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਸੂਚਨਾ ਦੀ ਇੱਕ ਕਾਪੀ ਪੇਸ਼ੀ ਦੌਰਾਨ ਅਪੀਲਕਰਤਾ ਨੂੰ ਦਸਤੀ ਵੀ ਦੇ ਦਿੱਤੀ ਗਈ ਹੈ। ਅਪੀਲਕਰਤਾ ਨੇ ਕਿਹਾ ਕਿ ਉਹ ਪ੍ਰਾਪਤ ਸੂਚਨਾ ਤੋਂ ਸੰਤੁਸ਼ਟ ਨਹੀਂ ਹੈ। ਦੋਵੇਂ ਧਿਰਾਂ ਦੀ ਸਹਿਮਤੀ ਨਾਲ ਇਹ ਫੈਸਲਾ ਹੋਇਆ ਕਿ ਜੇਕਰ ਹਾਜ਼ਰ ਉੱਤਰਦਾਤਾ ਅਪੀਲਕਰਤਾ ਨੂੰ ਸੂਚਨਾ ਭੇਜਣ ਬਾਰੇ ਰਜਿਸਟਰੀ ਦੀ ਰਸੀਦ ਪੇਸ਼ ਕਰ ਦੇਵੇ ਤਾਂ ਇਹ ਕੇਸ ਬੰਦ ਕਰ ਦਿੱਤਾ ਜਾਵੇ।ਹਾਜ਼ਰ ਉੱਤਰਦਾਤਾ ਵੱਲੋਂ ਇਸ ਸਬੰਧੀ ਈ.ਮੇਲ ਰਾਹੀਂ ਰਸੀਦ ਭੇਜੀ ਗਈ ਹੈ ਜ਼ੋ ਕਿ ਪੜ੍ਹਨ-ਯੋਗ ਨਹੀਂ ਹੈ। ਇਸ ਕਰਕੇ ਦੋਵੇਂ ਧਿਰਾਂ ਨੂੰ ਆਪਣਾ ਪੱਖ ਪੇਸ਼ ਕਰਨ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 18-06-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ, ਚੰਡੀਗੜ੍ਹ,** 01 **ਮਈ,** 2019. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਪ੍ਰੇਮ ਕੁਮਾਰ ਰਤਨ, (98722-20039)
ਮਕਾਨ ਨੰ:78/8,
ਪਾਰਕ ਰੋਡ, ਨਵੀਂ ਮੰਡੀ, ਧੂਰੀ,
ਜ਼ਿਲਾ ਸੰਗਰੂਰ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸਹਾਇਕ ਇੰਸਪੈਕਟਰ ਜਨਰਲ, ਪੁਲਿਸ,
ਐਨ.ਆਰ.ਆਈ. ਵਿੰਗ,
ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਸਹਾਇਕ ਇੰਸਪੈਕਟਰ ਜਨਰਲ, ਪੁਲਿਸ,
ਐਨ.ਆਰ.ਆਈ. ਵਿੰਗ,
ਲੁਧਿਆਣਾ। -------ਉੱਤਰਦਾਤਾ

**ਅਪੀਲ ਕੇਸ ਨੰ:968 ਆਫ਼ 2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋ ਸ਼੍ਰੀਮਤੀ ਵੀਰਪਾਲ ਕੌਰ, ਇੰਸਪੈਕਟਰ (98882-17528) ਅਤੇ ਸ਼੍ਰੀ ਅਮਨਦੀਪ ਸਿੰਘ, ਏ.ਐਸ.ਆਈ.(95928-26100)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ, ਮਿਤੀ 26-01-2019 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਸਹਾਇਕ ਇੰਸਪੈਕਟਰ ਜਨਰਲ, ਪੁਲਿਸ, ਐਨ.ਆਰ.ਆਈ. ਵਿੰਗ, ਲੁਧਿਆਣਾ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਨੇ ਸ਼੍ਰੀ ਪੁਸ਼ਪਿਦਰ ਕੁਮਾਰ ਵਾਸੀ ਧੂਰੀ ਵੱਲੋਂ ਸਾਕਸ਼ੀ ਵਾਸੀ ਲੁਧਿਆਣਾ ਵਿਰੁੱਧ ਕੀਤੀ ਗਈ ਸ਼ਿਕਾਇਤ ਸਬੰਧੀ ਸ਼੍ਰੀਮਤੀ ਸਾਕਸ਼ੀ ਮਿਹਰਾ ਵਲੋਂ ਕੀਤੀਆਂ ਗਈਆਂ ਕਾਊਂਟਰ ਸ਼ਿਕਾਇਤਾਂ ਨੰ:1424980, ਮਿਤੀ 10-07-2018, 1386288, ਮਿਤੀ 20-07-2018, 1408868, ਮਿਤੀ 18-08-2018, ਅਤੇ 1333175, ਮਿਤੀ 16-05-2018 ਬਾਰੇ ਸੂਚਨਾ ਮੰਗੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 25-01-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 11-03-2019 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 02-04-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 01-05-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਈ.ਮੇਲ.,ਮਿਤੀ 30-04-2019 ਰਾਹੀਂ ਭੇਜੇ ਗਏ ਪੱਤਰ, ਮਿਤੀ 30-04-2019 ਦੁਆਰਾ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ।ਇਸ ਕਰਕੇ ਉਸ ਵੱਲੋਂ

ਚਲਦਾ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**





ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕਰਦੇ ਹੋਏ ਇਹ ਵੀ ਬੇਨਤੀ ਕੀਤੀ ਗਈ ਹੈ ਕਿ ਉਸ ਦਾ ਪੱਖ ਸੁਣੇ ਬਗੈਰ ਕੇਸ ਦਾ ਫੈਸਲਾ ਨਾ ਕੀਤਾ ਜਾਵੇ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋ ਹਾਜਰ੍ ਸ਼੍ਰੀਮਤੀ ਵੀਰਪਾਲ ਕੌਰ, ਇੰਸਪੈਕਟਰ ਨੇ ਪੱਤਰ ਨੰ:ਏ.ਸੀ.968/ਆਰ.ਟੀ.ਆਈ., ਮਿਤੀ 27-04-2019 ਪੇਸ਼ ਕਰਦੇ ਹੋਏ ਦੱਸਿਆ ਹੈ ਕਿ ਉਨ੍ਹਾਂ ਵੱਲੋਂ ਪਹਿਲਾਂ ਹੀ ਅਪੀਲਕਰਤਾ ਨੂੰ ਪੱਤਰ ਨੰ:59/ਆਰ.ਟੀ.ਆਈ., ਮਿਤੀ 15-01-2019 ਰਾਹੀਂ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਕਮਿਸ਼ਨ ਨੇ ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਦਿੱਤੀ ਗਈ ਸੂਚਨਾ ਨੂੰ ਵਾਚਣ ਤੇ ਤਸੱਲੀਬਖਸ਼ ਪਾਇਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ, ਚੰਡੀਗੜ੍ਹ, 01 ਮਈ, 2019.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਪ੍ਰੇਮ ਕੁਮਾਰ ਰਤਨ, (98722-20039)
ਮਕਾਨ ਨੰ:78/8,
ਪਾਰਕ ਰੋਡ, ਨਵੀਂ ਮੰਡੀ, ਧੂਰੀ,
ਜ਼ਿਲਾ ਸੰਗਰੂਰ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਵਧੀਕ ਡਾਇਰੈਕਟਰ ਜਨਰਲ, ਪੁਲਿਸ,
ਐਨ.ਆਰ.ਆਈ. ਵਿੰਗ, ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਵਧੀਕ ਡਾਇਰੈਕਟਰ ਜਨਰਲ, ਪੁਲਿਸ,
ਐਨ.ਆਰ.ਆਈ. ਵਿੰਗ, ਮੁਹਾਲੀ। -------ਉੱਤਰਦਾਤਾ

**ਅਪੀਲ ਕੇਸ ਨੰ:969 ਆਫ਼ 2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋ ਸ਼੍ਰੀਮਤੀ ਵੀਰਪਾਲ ਕੌਰ, ਇੰਸਪੈਕਟਰ (98882-17528) ਅਤੇ ਸ਼੍ਰੀ ਅਮਨਦੀਪ ਸਿੰਘ, ਏ.ਐਸ.ਆਈ.(95928-26100)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ, ਮਿਤੀ 26-12-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਵਧੀਕ ਡਾਇਰੈਕਟਰ ਜਨਰਲ, ਪੁਲਿਸ, ਐਨ.ਆਰ.ਆਈ. ਵਿੰਗ, ਮੁਹਾਲੀ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਨੇ ਸ਼੍ਰੀ ਪੁਸ਼ਪਿੰਦਰ ਕੁਮਾਰ ਵਾਸੀ ਧੂਰੀ ਵੱਲੋਂ ਸਾਕਸ਼ੀ ਵਾਸੀ ਲੁਧਿਆਣਾ ਵਿਰੁੱਧ ਕੀਤੀ ਗਈ ਸ਼ਿਕਾਇਤ ਸਬੰਧੀ ਸ਼੍ਰੀਮਤੀ ਸਾਕਸ਼ੀ ਮਿਹਰਾ ਵਲੋਂ ਕੀਤੀਆਂ ਗਈਆਂ ਕਾਊਂਟਰ ਸ਼ਿਕਾਇਤਾਂ ਨੰ:1424980, ਮਿਤੀ 10-07-2018, 1386288, ਮਿਤੀ 20-07-2018, 1408868, ਮਿਤੀ 18-08-2018, ਅਤੇ 1333175, ਮਿਤੀ 16-05-2018 ਬਾਰੇ ਸੂਚਨਾ ਮੰਗੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 25-01-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 11-03-2019 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 02-04-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 01-05-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਈ.ਮੇਲ.,ਮਿਤੀ 30-04-2019 ਰਾਹੀਂ ਭੇਜੇ ਗਏ ਪੱਤਰ, ਮਿਤੀ 30-04-2019 ਦੁਆਰਾ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ।ਇਸ ਕਰਕੇ ਉਸ ਵੱਲੋਂ

ਚਲਦਾ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:**969 **ਆਫ਼** 2019

ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕਰਦੇ ਹੋਏ ਇਹ ਵੀ ਬੇਨਤੀ ਕੀਤੀ ਗਈ ਹੈ ਕਿ ਉਸ ਦਾ ਪੱਖ ਸੁਣੇ ਬਗੈਰ ਕੇਸ ਦਾ ਫੈਸਲਾ ਨਾ ਕੀਤਾ ਜਾਵੇ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋ ਹਾਜਰ਼ ਸ਼੍ਰੀਮਤੀ ਵੀਰਪਾਲ ਕੌਰ, ਇੰਸਪੈਕਟਰ ਨੇ ਪੱਤਰ ਨੰ:15370/ਐਨ.ਆਰ.ਆਈ./ਆਰ.ਟੀ.ਆਈ., ਮਿਤੀ 01-05-2019 ਪੇਸ਼ ਕਰਦੇ ਹੋਏ ਦੱਸਿਆ ਹੈ ਕਿ ਉਨ੍ਹਾਂ ਵੱਲੋਂ ਪਹਿਲਾਂ ਹੀ ਅਪੀਲਕਰਤਾ ਨੂੰ ਪੱਤਰ ਨੰ:10924, ਮਿਤੀ 22-03-2019 ਰਾਹੀਂ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਕਮਿਸ਼ਨ ਨੇ ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਦਿੱਤੀ ਗਈ ਸੂਚਨਾ ਨੂੰ ਵਾਚਣ ਤੇ ਤਸੱਲੀਬਖਸ਼ ਪਾਇਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ, ਚੰਡੀਗੜ੍ਹ,** 01 **ਮਈ,** 2019. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਪ੍ਰੇਮ ਕੁਮਾਰ ਰਤਨ, (98722-20039)
ਮਕਾਨ ਨੰ:78/8,
ਪਾਰਕ ਰੋਡ, ਨਵੀਂ ਮੰਡੀ, ਧੂਰੀ,
ਜ਼ਿਲਾ ਸੰਗਰੂਰ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪੁਲਿਸ ਕਮਿਸ਼ਨਰ,
ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਪੁਲਿਸ ਕਮਿਸ਼ਨਰ,
ਲੁਧਿਆਣਾ। -------ਉੱਤਰਦਾਤਾ

**ਅਪੀਲ ਕੇਸ ਨੰ:970 ਆਫ਼ 2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋ ਸ਼੍ਰੀ ਪਵਨਦੇਵ ਸਿੰਘ, ਸਬ ਇੰਸਪੈਕਟਰ (78887-41866)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ, ਮਿਤੀ 19-12-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਪੁਲਿਸ ਕਮਿਸ਼ਨਰ, ਲੁਧਿਆਣਾ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਨੇ ਸਾਕਸ਼ੀ ਮਿਹਰਾ ਵੱਲੋਂ ਪੁਸ਼ਪਿੰਦਰ ਸ਼ਰਮਾ ਵਿਰੁੱਧ ਦਰਖਾਸਤ ਨੰਬਰੀ 1326066 ਰਾਹੀਂ ਕੀਤੀ ਗਈ ਸ਼ਿਕਾਇਤ ਬਾਰੇ ਸੂਚਨਾ ਮੰਗੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 21-01-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 11-03-2019 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 02-04-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 01-05-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਈ.ਮੇਲ.,ਮਿਤੀ 30-04-2019 ਰਾਹੀਂ ਭੇਜੇ ਗਏ ਪੱਤਰ, ਮਿਤੀ 30-04-2019 ਦੁਆਰਾ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ।ਇਸ ਕਰਕੇ ਉਸ ਵੱਲੋਂ

ਚਲਦਾ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:970 ਆਫ਼ 2019**

ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕਰਦੇ ਹੋਏ ਇਹ ਵੀ ਬੇਨਤੀ ਕੀਤੀ ਗਈ ਹੈ ਕਿ ਉਸ ਦਾ ਪੱਖ ਸੁਣੇ ਬਗੈਰ ਕੇਸ ਦਾ ਫੈਸਲਾ ਨਾ ਕੀਤਾ ਜਾਵੇ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋ ਹਾਜਰ ਸ਼੍ਰੀ ਪਵਨਦੇਵ ਸਿੰਘ, ਸਬ ਇੰਸਪੈਕਟਰ ਨੇ ਨੰ:ਏ.ਸੀ.970/ਆਰ.ਟੀ.ਆਈ., ਮਿਤੀ 27-04-2019 ਪੇਸ਼ ਕਰਦੇ ਹੋਏ ਦੱਸਿਆ ਹੈ ਕਿ ਉਨ੍ਹਾਂ ਵੱਲੋਂ ਪਹਿਲਾਂ ਹੀ ਅਪੀਲਕਰਤਾ ਨੂੰ ਪੱਤਰ ਨੰ:13/ਐਫ.ਏ/ਆਰ.ਟੀ.ਆਈ., ਮਿਤੀ 28-02-2019 ਰਾਹੀਂ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਕਮਿਸ਼ਨ ਨੇ ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਦਿੱਤੀ ਗਈ ਸੂਚਨਾ ਨੂੰ ਵਾਚਣ ਤੇ ਤਸੱਲੀਬਖਸ਼ ਪਾਇਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੜਕ ਸਿੰਘ ਬਰਾੜ)
**ਮਿਤੀ, ਚੰਡੀਗੜ੍ਹ,** 01 **ਮਈ,** 2019. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਹਰਕੀਰਤ ਸਿੰਘ, (98144-59188)
ਪੁੱਤਰ ਸ਼੍ਰੀ ਮਨਜਿੰਦਰ ਸਿੰਘ,
ਪਿੰਡ ਤੇ ਡਾਕਖਾਨਾ ਢੋਟੀਆਂ,
ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਵਾਈਸ ਚਾਂਸਲਰ,
ਗੁਰੂ ਨਾਨਕ ਦੇਵ ਯੂਨੀਵਰਸਟੀ,
ਅੰਮ੍ਰਿਤਸਰ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਵਾਈਸ ਚਾਂਸਲਰ,
ਗੁਰੂ ਨਾਨਕ ਦੇਵ ਯੂਨੀਵਰਸਿਟੀ,
ਅੰਮ੍ਰਿਤਸਰ। ------ਉੱਤਰਦਾਤਾ

**ਅਪੀਲ ਕੇਸ ਨੰ:944 /2019**

**ਹਾਜ਼ਰ:-** 1) ਸ਼੍ਰੀ ਹਰਕੀਰਤ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਮਨਜੀਤ ਸਿੰਘ, ਸਹਾਇਕ ਰਜਿਸਟਰਾਰ (94170-32936)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 24-08-2018 ਨੂੰ ਲੋਕ ਸੂਚਨਾ ਅਧਿਕਾਰੀ, ਦਫ਼ਤਰ ਵਾਈਸ ਚਾਂਸਲਰ, ਗੁਰੂ ਨਾਨਕ ਦੇਵ ਯੂਨੀਵਰਸਟੀ, ਅੰਮ੍ਰਿਤਸਰ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਬੀ.ਏ.ਐੱਲ.ਐੱਲ ਦੇ ਵਿਦਆਰਥੀਆਂ ਦਾ ਨਤੀਜਾ ਤਿਆਰ ਕਰਨ ਬਾਰੇ ਨਿਯਮਾਂ ਆਦਿ ਨਾਲ ਸਬੰਧਤ 14 ਨੁਕਤਿਆਂ ਬਾਰੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾ ਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 04-09-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 07-03-2019 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 02-04-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 01-05-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਮਨਜੀਤ ਸਿੰਘ, ਸਹਾਇਕ ਰਜਿਸਟਰਾਰ ਨੇ ਪੱਤਰ ਨੰ:399/ਆਰ.ਟੀ.ਆਈ., ਮਿਤੀ 30-04-2019 ਪੇਸ਼ ਕਰਦੇ ਹੋਏ ਦੱਸਿਆ ਹੈ ਕਿ ਉਨ੍ਹਾਂ ਵੱਲੋਂ ਪਹਿਲਾਂ ਹੀ ਮਿਤੀ 19-11-2018 ਨੂੰ ਅਪੀਲਕਰਤਾ ਨੂੰ ਰਜਿਸਟਰਡ ਡਾਕ

ਚਲਦਾ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:**944 /2019

ਰਾਹੀਂ ਸੂਚਨਾ ਭੇਜੀ ਜਾ ਚੁੱਕੀ ਹੈ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਧੂਰੀ ਸੂਚਨਾ ਦਿੱਤੀ ਗਈ ਹੈ ਅਤੇ ਨੁਕਤਾ ਨੰ:4 ਅਤੇ 6 ਬਾਰੇ ਸਪੱਸ਼ਟ ਸੂਚਨਾ ਨਹੀਂ ਦਿੱਤੀ ਗਈ। ਇਸ ਬਾਰੇ ਅਪੀਲਕਰਤਾ ਵੱਲੋਂ ਮੌਕੇ ਤੇ ਹੀ ਹਾਜ਼ਰ ਉੱਤਰਦਾਤਾ ਨੂੰ ਸੂਚਨਾ ਵਿੱਚ ਪਾਈਆਂ ਗਈਆਂ ਤਰੁੱਟੀਆਂ ਨੋਟ ਕਰਵਾ ਦਿੱਤੀਆਂ ਗਈਆਂ ਹਨ ਅਤੇ ਹਾਜ਼ਰ ਉੱਤਰਦਾਤਾ ਨੂੰ ਸੂਚਨਾ ਮੁਹੱਈਆ ਕਰਾਉਣ ਬਾਰੇ ਸਮਝਾ ਵੀ ਦਿੱਤਾ ਗਿਆ ਹੈ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 18-06-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ, ਚੰਡੀਗੜ੍ਹ,** 01 **ਮਈ,** 2019. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਦੁਲੀਆ ਰਾਮ, (ਮੋਬ: 96460-60863)
ਪੁੱਤਰ ਸ਼੍ਰੀ ਮੁੰਨਾ ਰਾਮ, ਦਸਮੇਸ਼ ਕਲੋਨੀ,
ਨੇੜੇ ਸ਼ਿਸ਼ੂ ਭਾਰਤੀ ਸਕੂਲ, ਗਲੀ ਨੰ:3,
ਸੁਨਾਮ, ਜ਼ਿਲ੍ਹਾ ਸੰਗਰੂਰ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਕਾਰਜ ਸਾਧਕ ਅਫਸਰ,
ਨਗਰ ਪੰਚਾਇਤ ਖਨੌਰੀ,
ਜ਼ਿਲ੍ਹਾ ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ, ਡਿਪਟੀ ਡਾਇਰੈਕਟਰ,
ਸਥਾਨਕ ਸਰਕਾਰ, ਪੰਜਾਬ,
ਪਟਿਆਲਾ। ------ਉੱਤਰਦਾਤਾ

**ਅਪੀਲ ਕੇਸ ਨੰ:953/2019**

**ਹਾਜ਼ਰ:-**

1) ਸ਼੍ਰੀ ਦੁਲੀਆ ਰਾਮ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਨਰਿੰਦਰ ਕੁਮਾਰ, ਜੂਨੀਅਰ ਸਹਾਇਕ (85588-00105)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 28-02-2018, ਲੋਕ ਸੂਚਨਾ ਅਧਿਕਾਰੀ ਦਫਤਰ ਕਾਰਜ ਸਾਧਕ ਅਫਸਰ,ਨਗਰ ਪੰਚਾਇਤ ਖਨੌਰੀ, ਜ਼ਿਲ੍ਹਾ ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਜਨਵਰੀ 2011 ਤੋਂ ਕੱਚੇ ਮੁਲਾਜ਼ਮਾਂ ਦੀ ਤਨਖਾਹ, ਈ.ਪੀ.ਐਫ. ਦੀ ਕਟੋਤੀ ਅਤੇ ਠੇਕੇਦਾਰ ਦੇ ਨਾਮ ਅਤੇ ਪਤੇ ਆਦਿ ਨਾਲ ਸਬੰਧਤ 06 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 08-08-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 08-03-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 02-04-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 01-05-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਨਰਿੰਦਰ ਕੁਮਾਰ, ਜੂਨੀਅਰ ਨੇ ਪੱਤਰ ਨੰ:664, ਮਿਤੀ 29-04-2019 ਪੇਸ਼ ਕਰਦੇ ਹੋਏ ਕਿਹਾ ਹੈ ਕਿ ਉਨ੍ਹਾਂ ਵੱਲੋਂ ਪਹਿਲਾਂ ਹੀ ਪੱਤਰ ਨੰ:109 ਮਿਤੀ 25-01-2019 ਰਾਹੀਂ ਰਜਿਸਟਰਡ ਡਾਕ ਦੁਆਰਾ ਅਪੀਲਕਰਤਾ ਨੂੰ

ਚਲਦਾ---ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:953/2019**

ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਧੂਰੀ ਸੂਚਨਾ ਦਿੱਤੀ ਗਈ ਹੈ ਅਤੇ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਉਸ ਵੱਲੋਂ ਇਹ ਵੀ ਕਿਹਾ ਗਿਆ ਹੈ ਕਿ ਜਿਹੜੀ ਸੂਚਨਾ ਦਿੱਤੀ ਗਈ ਹੈ ਉਹ ਵੀ ਬਹੁਤ ਲੇਟ ਦਿੱਤੀ ਗਈ ਹੈ।

5. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖ਼ਸ਼ ਪਾਇਆ ਗਿਆ ਹੈ। ਇਸ ਤੋਂ ਇਲਾਵਾ ਕਮਿਸ਼ਨ ਵੱਲੋਂ ਦਫ਼ਤਰੀ ਰਿਕਾਰਡ ਨੂੰ ਘੋਖਣ ਤੇ ਇਹ ਵੀ ਪਾਇਆ ਗਿਆ ਹੈ ਕਿ ਅਪੀਲਕਰਤਾ ਵੱਲੋਂ ਮਿਤੀ 28-02-2018 ਨੂੰ ਆਰ.ਟੀ.ਆਈ. ਅਰਜ਼ੀ ਦਾਇਰ ਕੀਤੀ ਗਈ ਸੀ ਪਰੰਤੂ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਉਸ ਨੂੰ ਲਗਭੱਗ 01 ਸਾਲ ਬਾਅਦ ਸੂਚਨਾ ਮੁਹੱਈਆ ਕਰਵਾਈ ਗਈ ਹੈ ਜਦੋਂ ਕਿ ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਮੁਤਾਬਿਕ ਸ਼ਿਕਾਇਤਕਰਤਾ ਨੂੰ 30 ਦਿਨਾਂ ਤੇ ਅੰਦਰ-ਅੰਦਰ ਸੂਚਨਾ ਦੇਣੀ ਬਣਦੀ ਸੀ। ਇਸ ਤਰ੍ਹਾਂ ਕਰਕੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸੂਚਨਾ ਦਾ ਅਧਿਕਾਰ ਐਕਟ, 2005 ਦੀ ਘੋਰ ਉਲੰਘਣਾ ਕੀਤੀ ਗਈ ਹੈ, ਜਿਸ ਦੇ ਫਲਸਰੂਪ ਸ਼ਿਕਾਇਤਕਰਤਾ ਨੂੰ ਮਾਨਸਿਕ ਅਤੇ ਆਰਥਿਕ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ ਹੈ। ਇਸ ਲਈ ਉੱਤਰਦਾਤਾ, ਕਾਰਜ ਸਾਧਕ ਅਫਸਰ-ਕਮ-ਲੋਕ ਸੂਚਨਾ ਅਧਿਕਾਰੀ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸੂਚਨਾ ਦਾ ਅਧਿਕਾਰ ਐਕਟ, 2005 ਦੀ ਧਾਰਾ 19(8)(ਅ) ਤਹਿਤ ਮੁਆਵਜ਼ੇ ਵਜੋਂ 3000/-ਰੁਪਏ (ਕੇਵਲ ਤਿੰਨ ਹਜ਼ਾਰ ਰੁਪਏ) ਦੀ ਰਾਸ਼ੀ ਦੀ ਅਪੀਲਕਰਤਾ ਨੂੰ ਬੈਂਕ ਡਰਾਫ਼ਟ ਰਾਹੀਂ ਮਹਿਕਮੇ ਦੇ ਖਾਤੇ ਵਿੱਚੋਂ ਅਦਾਇਗੀ ਕਰਕੇ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ, ਚੰਡੀਗੜ੍ਹ, 01 ਮਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਦੁਲੀਆ ਰਾਮ, (ਮੋਬ: 96460-60863)
ਪੁੱਤਰ ਸ਼੍ਰੀ ਮੁੰਨਾ ਰਾਮ, ਦਸਮੇਸ਼ ਕਲੌਨੀ,
ਨੇੜੇ ਸ਼ਿਸ਼ੂ ਭਾਰਤੀ ਸਕੂਲ, ਗਲੀ ਨੰ:3,
ਸੁਨਾਮ, ਜ਼ਿਲ੍ਹਾ ਸੰਗਰੂਰ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਕਾਰਜ ਸਾਧਕ ਅਫਸਰ,
ਨਗਰ ਕੌਂਸਿਲ, ਸੁਨਾਮ।
ਜ਼ਿਲ੍ਹਾ ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ, ਡਿਪਟੀ ਡਾਇਰੈਕਟਰ,
ਸਥਾਨਕ ਸਰਕਾਰ, ਪੰਜਾਬ,
ਪਟਿਆਲਾ। ------ਉੱਤਰਦਾਤਾ

**ਅਪੀਲ ਕੇਸ ਨੰ:955/2019**

**ਹਾਜ਼ਰ:-**

1) ਸ਼੍ਰੀ ਦੁਲੀਆ ਰਾਮ, ਅਪੀਲਕਰਤਾ।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 22-02-2018, ਲੋਕ ਸੂਚਨਾ ਅਧਿਕਾਰੀ ਦਫਤਰ ਕਾਰਜ ਸਾਧਕ ਅਫਸਰ, ਕਾਰਜ ਸਾਧਕ ਅਫਸਰ, ਕਾਰਜ ਸਾਧਕ ਅਫਸਰ, ਨਗਰ ਕੌਂਸਿਲ, ਸੁਨਾਮ ਜ਼ਿਲ੍ਹਾ ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਨਗਰ ਕੌਂਸਿਲ, ਸੁਨਾਮ ਵਿਖੇ ਬਤੌਰ ਸਫਾਈ ਮੇਟ ਕੀਤੀ ਗਈ ਆਪਣੀ ਸੇਵਾ ਨਾਲ ਸਬੰਧਤ ਰਿਕਾਰਡ ਸਬੰਧੀ 06 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 04-04-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 08-03-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 02-04-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 01-05-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ।ਉੱਤਰਦਾਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਆਪਣੀ ਗੈਰਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ।ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ

ਚਲਦਾ---ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:955/2019**

ਅਪੀਲਕਰਤਾ ਦੇ ਬਿਨੈਪੱਤਰ ਅਨਸਾਰ, ਸੂਚਨਾ ਦਾ ਅਧਿਕਾਰ ਐਕਟ, 2005 ਤਹਿਤ ਬਣਦੀ ਸੂਚਨਾ ਅਪੀਲਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋ ਪਹਿਲਾਂ-ਪਹਿਲਾਂ ਮੁਹੱਈਆ ਕਰਵਾਈ ਜਾਵੇ ਅਤੇ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਅਗਲੀ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ। ਇਸ ਹਦਾਇਤ ਦੇ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 18-06-2019 ਨੂੰ ਸਵੇਰੇ 11-30 ਵਜੇ ਲਈ** ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ, ਚੰਡੀਗੜ੍ਹ**, 01 **ਮਈ**, 2019. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀਮਤੀ ਸ਼ਬੀਨਾ ਬੇਗਮ, (9888475101)
ਪਤਨੀ ਸ਼੍ਰੀ ਸਲੀਮ,
ਵਾਸੀ ਦਰਗਾਹ ਰੋਜ਼ਾ ਸ਼ਰੀਫ, ਲੱਖ ਦਾਤਾ,
ਲਾਲਾਂ ਵਾਲਾ ਪੀਰ, ਹਰੀਪੁਰ ਰੋਡ,
ਸੰਗਰੂਰ। ------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸੀਨੀਅਰ ਕਪਤਾਨ, ਪੁਲਿਸ,
ਸੰਗਰੂਰ। -------ਉੱਤਰਦਾਤਾ

**ਸ਼ਿਕਾਇਤ ਕੇਸ ਨੰ:184/2019**

**ਹਾਜ਼ਰ:-** 1) ਸ਼੍ਰੀਮਤੀ ਸ਼ਬੀਨਾ ਬੇਗਮ, ਸ਼ਿਕਾਇਤਕਰਤਾ ਸਮੇਤ ਸ਼੍ਰੀ ਸਿਮਰਨਜੀਤ ਸਿੰਘ, ਐਡਵੋਕੇਟ
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਅਜੈਬ ਸਿੰਘ, ਏ.ਐਸ.ਆਈ. (80545-45411)।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ, ਮਿਤੀ 31-10-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਸੀਨੀਅਰ ਕਪਤਾਨ, ਪੁਲਿਸ, ਸੰਗਰੂਰ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਸ਼੍ਰੀ ਗੁਰਮੇਲ ਸਿੰਘ, ਰੀਡਰ/ਐਸ.ਪੀ. ਓਪਰੇਸ਼ਨ ਦੀ ਪੁਲਿਸ ਮਹਿਕਮੇ ਵਿੱਚ ਭਰਤੀ ਅਤੇ ਤੈਨਾਤੀ ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਮਿਤੀ 18-02-2019 ਨੂੰ ਸ਼ਿਕਾਇਤਕਰਤਾ ਨੇ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 15-03-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 15-04-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਅਜੈਬ ਸਿੰਘ, ਏ.ਐਸ.ਆਈ. ਨੇ ਪੱਤਰ ਨੰ:22-ਅਪੀਲ/ਆਰ.ਟੀ.ਆਈ., ਮਿਤੀ 30-04-2019 ਰਾਹੀਂ ਪੇਸ਼ ਕੀਤੀ ਗਈ ਸੂਚਨਾ ਸ਼ਿਕਾਇਤਕਰਤਾ ਨੂੰ ਸੂਚਨਾ ਦੇ ਦਿੱਤੀ ਗਈ ਹੈ।ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਸ਼ਿਕਾਇਤਕਰਤਾ ਵੱਲੋਂ ਹਾਜ਼ਰ ਨੁਮਾਇੰਦੇ, ਸ਼੍ਰੀ ਸਿਮਰਨਜੀਤ ਸਿੰਘ, ਐਡਵੋਕੇਟ ਨੇ ਮੰਨਿਆ ਹੈ ਕਿ ਉਨ੍ਹਾਂ ਨੂੰ ਸੂਚਨਾ ਪ੍ਰਾਪਤ ਹੋ ਗਈ ਹੈ ਅਤੇ ਉਹ ਪ੍ਰਾਪਤ ਸੂਚਨਾ ਤੋ ਸੰਤੁਸ਼ਟ ਹਨ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ, ਚੰਡੀਗੜ੍ਹ, 01 ਮਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀਮਤੀ ਸ਼ਬੀਨਾ ਬੇਗਮ, (9888475101)
ਪਤਨੀ ਸ਼੍ਰੀ ਸਲੀਮ,
ਵਾਸੀ ਦਰਗਾਹ ਰੋਜ਼ਾ ਸ਼ਰੀਫ, ਲੱਖ ਦਾਤਾ,
ਲਾਲਾਂ ਵਾਲਾ ਪੀਰ, ਹਰੀਪੁਰ ਰੋਡ,
ਸੰਗਰੂਰ।                                   ------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸੀਨੀਅਰ ਕਪਤਾਨ, ਪੁਲਿਸ,
ਸੰਗਰੂਰ।                                   -------ਉੱਤਰਦਾਤਾ

**ਸ਼ਿਕਾਇਤ ਕੇਸ ਨੰ:185/2019**

**ਹਾਜ਼ਰ:-** 1) ਸ਼੍ਰੀਮਤੀ ਸ਼ਬੀਨਾ ਬੇਗਮ, ਸ਼ਿਕਾਇਤਕਰਤਾ ਸਮੇਤ ਸ਼੍ਰੀ ਸਿਮਰਨਜੀਤ ਸਿੰਘ, ਐਡਵੋਕੇਟ
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਅਜੈਬ ਸਿੰਘ, ਏ.ਐਸ.ਆਈ. (80545-45411)।

**ਹਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ, ਮਿਤੀ 31-10-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਸੀਨੀਅਰ ਕਪਤਾਨ, ਪੁਲਿਸ, ਸੰਗਰੂਰ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਆਪਣੀ ਦਰਖਾਸਤ, ਮਿਤੀ 28-03-2018, 17-05-2018, 08-10-2018 ਅਤੇ 23-10-2018 ਬਾਰੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਮਿਤੀ 11-02-2019 ਨੂੰ ਸ਼ਿਕਾਇਤਕਰਤਾ ਨੇ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 15-03-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 15-04-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਅਜੈਬ ਸਿੰਘ, ਏ.ਐਸ.ਆਈ. ਨੇ ਪੱਤਰ ਨੰ:24-ਅਪੀਲ/ਆਰ.ਟੀ.ਆਈ., ਮਿਤੀ 30-04-2019 ਰਾਹੀਂ ਪੇਸ਼ ਕੀਤੀ ਗਈ ਸੂਚਨਾ ਸ਼ਿਕਾਇਤਕਰਤਾ ਵੱਲੋਂ ਹਾਜ਼ਰ ਨੁਮਾਇੰਦੇ, ਸ਼੍ਰੀ ਸਿਮਰਨਜੀਤ ਸਿੰਘ, ਐਡਵੋਕੇਟ ਨੂੰ ਦੇ ਦਿੱਤੀ ਗਈ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਸ਼ਿਕਾਇਤਕਰਤਾ ਵੱਲੋਂ ਹਾਜ਼ਰ ਨੁਮਾਇੰਦੇ ਨੇ ਸੂਚਨਾ ਪ੍ਰਾਪਤ ਕਰ ਲਈ ਹੈ ਅਤੇ ਸੂਚਨਾ ਨੂੰ ਚੈੱਕ ਕਰਨ ਉਪਰੰਤ ਸੂਚਨਾ ਵਿੱਚ ਪਾਈਆਂ ਗਈਆਂ ਤਰੁੱਟੀਆਂ ਬਾਰੇ ਆਪਣੇ ਪੱਤਰ, ਮਿਤੀ 01-05-2019 ਰਾਹੀਂ ਲਿਖਤੀ ਰੂਪ ਵਿੱਚ ਹਾਜ਼ਰ ਉੱਤਰਦਾਤਾ ਨੂੰ ਸੂਚਿਤ ਕਰ ਦਿੱਤਾ ਹੈ। ਹਾਜ਼ਰ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸ਼ਿਕਾਇਤਕਰਤਾ ਵੱਲੋਂ ਹਾਜ਼ਰ ਨੁਮਾਇੰਦੇ ਵੱਲੋਂ ਦੱਸੀਆਂ ਗਈਆਂ ਤਰੁੱਟੀਆਂ ਨੂੰ ਦੂਰ ਕਰ ਕੇ ਸੂਚਨਾ ਮੁਹੱਈਆ ਕਰਵਾਈ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 18-06-2019 ਨੂੰ ਸਵੇਰੇ 11-30 ਵਜੇ ਲਈ** ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ, ਚੰਡੀਗੜ੍ਹ, 01 ਮਈ, 2019.**          **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**